ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਫਿਰੋਜ਼ਪੁਰ ਦੇ ਕੋਰੋਨਾ ਮਰੀਜ਼ ਦੀ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਹਸਪਤਾਲ ਤੋਂ ਮਿਲੀ ਛੁੱਟੀ, ਡੀਸੀ ਅਤੇ ਹੋਰ ਅਫ਼ਸਰਾਂ ਨੇ ਫ਼ੁਲ ਦੇ ਕੇ ਪਰਮਜੋਤ ਨੂੰ ਤੰਦਰੁਸਤ ਹੋਣ ਦੀ ਦਿੱਤੀ ਵਧਾਈ

ਫਿਰੋਜ਼ਪੁਰ ਵਿਚ ਹੁਣ ਕੋਈ ਵੀ ਕੋਰੋਨਾ ਪੋਜ਼ਿਟਿਵ ਮਰੀਜ਼ ਨਹੀਂ- ਡਿਪਟੀ ਕਮਿਸ਼ਨਰ

ਫਿਰੋਜਪੁਰ, 29 ਅਪ੍ਰੈਲ ( )

ਫਿਰੋਜ਼ਪੁਰ ਜ਼ਿਲ੍ਹੇ ਵਿਚ ਆਏ ਪਹਿਲੇ ਕੋਰੋਨਾ ਪੋਜ਼ਿਟਿਵ ਮਰੀਜ਼ ਕਾਂਸਟੇਬਲ ਪਰਮਜੋਤ ਦੀ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਬੁੱਧਵਾਰ ਨੂੰ ਹਸਪਤਾਲ ਤੋਂ ਡਿਸਚਾਰਜ ਕਰ ਕੇ ਘਰ ਭੇਜਿਆ ਗਿਆ ਹੈ। ਹਸਪਤਾਲ ਤੋਂ ਬਾਹਰ ਨਿਕਲਣ ਤੇ ਕਾਂਸਟੇਬਲ ਪਰਮਜੋਤ ਤੇ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਅਤੇ ਹੋਰ ਅਫ਼ਸਰਾਂ ਨੇ ਫੁੱਲਾਂ ਦੀ ਵਰਖਾ ਕੀਤੀ ਅਤੇ ਉਸ ਨੂੰ ਤੰਦਰੁਸਤ ਹੋਣ ਤੇ ਵਧਾਈ ਵੀ ਦਿੱਤੀ ਤੇ ਉਸ ਨੂੰ ਹਸਪਤਾਲ ਦੀ ਡਿਸਚਾਰਜ ਸਲਿਪ ਵੀ ਦਿਤੀ।

ਡਿਪਟੀ ਕਮਿਸ਼ਨਰ ਨੇ ਪਰਮਜੋਤ ਅਤੇ ਸਮੂਹ ਡਾਕਟਰੀ ਟੀਮ ਨੂੰ ਵਧਾਈ ਦਿੰਦੇ ਕਿਹਾ ਕਿ ਇਹ ਡਾਕਟਰਾਂ ਦੀ ਮਿਹਨਤ ਅਤੇ ਪਰਮਜੋਤ ਦੇ ਹੌਸਲੇ ਸਦਕਾ ਹੀ ਉਸ ਨੇ ਕੋਰੋਨਾ ਨੂੰ ਮਾਤ ਦਿੱਤੀ ਹੈ ਅਤੇ ਅੱਜ ਤੰਦਰੁਸਤ ਹੋਣ ਤੋਂ ਬਾਅਦ ਉਸ ਨੂੰ ਵਾਪਸ ਉਸ ਦੇ ਘਰ ਭੇਜ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਰਮਜੋਤ ਦਾ 27 ਅਪ੍ਰੈਲ ਨੂੰ ਪਹਿਲਾ ਸੈਂਪਲ ਲਿਆ ਗਿਆ ਸੀ ਅਤੇ ਦੂਜਾ ਸੈਂਪਲ 28 ਅਪ੍ਰੈਲ ਨੂੰ ਲੈ ਕੇ ਫ਼ਰੀਦਕੋਟ ਮੈਡੀਕਲ ਕਾਲਜ ਜਾਂਚ ਲਈ ਭੇਜਿਆ ਗਿਆ ਸੀ ਅਤੇ ਦੋਵਾਂ ਦੀ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਅੱਜ ਉਸ ਨੂੰ ਹਸਪਤਾਲ ਤੋਂ ਡਿਸਚਾਰਜ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਗੱਲ ਦੀ ਸਾਨੂੰ ਸਾਰਿਆਂ ਨੂੰ ਖ਼ੁਸ਼ੀ ਹੈ ਕਿ ਹੁਣ ਫਿਰੋਜ਼ਪੁਰ ਜ਼ਿਲ੍ਹੇ ਵਿਚ ਕੋਈ ਵੀ ਕੋਰੋਨਾ ਪੋਜ਼ਿਟਿਵ ਮਰੀਜ਼ ਨਹੀਂ ਹੈ ਅਤੇ ਅਸੀਂ ਫਿਰ ਕੋਰੋਨਾ ਮੁਕਤ ਜ਼ਿਲ੍ਹਿਆਂ ਵਿਚ ਸ਼ਾਮਲ ਹਾਂ।

ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਨੇ ਇਸ ਮੌਕੇ ਸਿਹਤ ਵਿਭਾਗ ਦੇ ਮੁਲਾਜਮਾਂ ਅਤੇ ਅਫਸਰਾਂ ਦੀ ਹੌਂਸਲਾ ਅਵਜਾਹੀ ਕੀਤੀ ਜਿਹੜੇ ਅਗੇ ਆਕੇ ਕੋਰੋਨਾ ਵਾਇਰਸ ਦੇ ਖਿਲਾਫ ਆਪਣੀ ਜੰਗ ਲੜ ਰਹੇ ਹਣ। ਡਿਪਟੀ ਕਮਿਸ਼ਨਰ ਨੇ ਕਹਾ ਕਿ ਕੋਰੋਨਾ ਖਿਲਾਫ ਲੜ ਰਹੇ ਸਾਰੇ ਮੁਲਾਜਮ ਅਤੇ ਅਧਿਕਾਰੀ ਵਧਾਈ ਦੇ ਪਾਤਰ ਹਨ, ਜਿਨਾਂ ਦੀ ਦਿਨ-ਰਾਤ ਮਿਹਨਤ ਸਦਕਾ ਸਾਡਾ ਜਿਲਾ ਕੋਰੋਨਾ ਮੁਕਤ ਹੋ ਸਕਿਆ ਹੈ।

ਇਸ ਮੌਕੇ ਕਾਂਸਟੇਬਲ ਪਰਮਜੋਤ ਜਿਸ ਨੂੰ ਅੱਜ ਹਸਪਤਾਲ ਤੋਂ ਛੁੱਟੀ ਮਿਲੀ ਹੈ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਹਸਪਤਾਲ ਵਿਚ ਆਈਸੋਲੇਸ਼ਨ ਦੌਰਾਨ ਡਾਕਟਰਾਂ ਵੱਲੋਂ ਪੂਰੀ ਚੰਗੀ ਤਰ੍ਹਾਂ ਉਸ ਦਾ ਖ਼ਿਆਲ ਰੱਖਿਆ ਗਿਆ ਹੈ, ਉਸ ਨੂੰ ਦਵਾਈ ਤੋਂ ਲੈ ਕੇ ਖਾਣੇ ਤੱਕ ਹਰ ਚੀਜ਼ ਸਮੇਂ ਤੇ ਅਤੇ ਵਧੀਆ ਮਿਲਦੀ ਰਹੀ ਹੈ। ਇਸ ਤੋਂ ਇਲਾਵਾ ਪ੍ਰਸ਼ਾਸਨ ਵੱਲੋਂ ਵੀ ਅਫ਼ਸਰਾਂ ਦੇ ਉਸ ਨੂੰ ਫ਼ੋਨ ਆਉਂਦੇ ਰਹੇ ਹਨ ਅਤੇ ਉਸ ਦਾ ਹਾਲ-ਚਾਲ ਪੁੱਛਿਆ ਜਾਂਦਾ ਸੀ। ਪਰਮਜੋਤ ਨੇ ਸਮੂਹ ਡਾਕਟਰ ਅਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ।

ਸਿਵਿਲ ਸਰਜਨ ਡਾ. ਨਵਦੀਪ ਸਿੰਘ ਨੇ ਕਿਹਾ ਕਿ ਫਿਰੋਜਪੁਰ ਸਿਵਿਲ ਹਸਪਤਾਲ ਵਿਚ ਸਥਾਪਿਤ ਆਈਸੋਲੇਸ਼ਨ ਵਾਰਡ ਵਿਚ ਸਿਰਫ ਇਕ ਹੀ ਮਰੀਜ ਕਾਂਸਟੇਬਲ ਪਰਮਜੋਤ ਸਿੰਘ ਦਾਖਿਲ ਸੀ, ਜੋਕਿ ਕੋਰੋਨਾ ਮੁਕਤ ਹੋਣ ਤੇ ਬਾਅਦ ਅੱਜ ਹਸਪਤਾਲ ਵਿਚੋਂ ਡਿਸਚਾਰਜ ਹੋਕੇ ਘਰ ਜਾ ਰਿਹਾ ਹੈ। ਉਨਾਂ ਕਿਹਾ ਕਿ ਹਸਪਤਾਲ ਸਟਾਫ ਦੀ ਮਿਹਨਤ ਸਦਕਾ ਹੀ ਇਹ ਕਾਮਯਾਬੀ ਹਾਸਿਲ ਹੋ ਸਕੀ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

**ਪ੍ਰੈਸ ਨੋਟ 2**

## ਸਿਹਤ ਵਿਭਾਗ ਵੱਲੋਂ ਮਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫ਼ਾਈ ਅਤੇ ਸਵੱਛਤਾ ਬਣਾਈ ਰੱਖਣ ਬਾਰੇ ਅਡਵਾਇਜ਼ਰੀ ਜਾਰੀ: ਸਿਵਲ ਸਰਜਨ

ਫਿਰੋਜ਼ਪੁਰ 29 ਅਪ੍ਰੈਲ ( )ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ. ਬਲਬੀਰ ਸਿੰਘ ਸਿੱਧੂ ਵੱਲੋਂ ਕੋਵਿਡ -19 ਦੇ ਮੱਦੇਨਜ਼ਰ ਮਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫ਼ਾਈ ਅਤੇ ਸਵੱਛਤਾ ਬਣਾਈ ਰੱਖਣ ਸਬੰਧੀ ਅਡਵਾਇਜ਼ਰੀ ਜਾਰੀ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਿਰੋਜ਼ਪੁਰ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਫੈਲਾਅ/ਪ੍ਰਸਾਰ ਨੂੰ ਕਾਬੂ ਕਰਨ ਲਈ ਲੋਕ ਹਿੱਤ ਵਿੱਚ ਜ਼ਿਲ੍ਹੇ ਵਿੱਚ ਕਰਫਿਊ ਲਗਾ ਕੇ ਲੋਕਾਂ ਦੀਆਂ ਗਤੀਵਿਧੀਆਂ 'ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਭਾਵੇਂ ਸਰਕਾਰ ਨੇ ਮਨਰੇਗਾ ਅਧੀਨ ਕੰਮ ਕਰਨ ਵਾਲੇ ਕਾਮਿਆਂ ਦੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਜ਼ਰੂਰੀ ਗਤੀਵਿਧੀਆਂ ਮੁੜ ਸ਼ੁਰੂ ਕਰਨ ਦੀ ਆਗਿਆ ਦਿੱਤੀ ਹੈ। ਫਿਰ ਵੀ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਰੂਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਸੁਪਰਵਾਈਜ਼ਰ ਇੱਕ ਵਿਆਪਕ ਕਾਰਜ ਯੋਜਨਾ ਇਸ ਢੰਗ ਨਾਲ ਵਿਕਸਤ ਕਰੇ ਕਿ ਉਹ ਕੰਮ ਵਾਲੀ ਥਾਂ ਤੇ ਰਿਪੋਰਟ ਕਰਨ ਦੇ ਸਮੇਂ ਤੇ ਮਨਰੇਗਾ ਕਰਮਚਾਰੀਆਂ ਨੂੰ ਕੰਮ ਦੌਰਾਨ ਆਰਾਮ ਦੇਣ ਦੇ ਸਮੇਂ ਵਿੱਚ ਕੁੱਝ ਫਾਸਲਾ ਰੱਖੇ ਜਿਸ ਨਾਲ ਕੰਮ ਵੀ ਸਮੇਂ ਸਿਰ ਮੁਕੰਮਲ ਹੋ ਜਾਵੇ ਤੇ ਕੰਮ ਵਿੱਚ ਕੋਈ ਰੁਕਾਵਟ ਵੀ ਨਾ ਆਵੇ। ਇਸੇ ਤਰ੍ਹਾਂ, ਕਾਰਜ ਖੇਤਰ ਨੂੰ ਕਾਰਜ ਵਾਲੀ ਥਾਂ ਤੇ ਇਸ ਤਰ੍ਹਾਂ ਨਿਰਧਾਰਤ ਕੀਤਾ ਜਾਵੇਗਾ ਕਿ ਮਨਰੇਗਾ ਕਰਮਚਾਰੀਆਂ ਦਰਮਿਆਨ ਘੱਟੋ-ਘੱਟ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮ ਨੂੰ ਕਾਇਮ ਰੱਖਿਆ ਜਾ ਸਕੇ।

ਡਾ ਨਵਦੀਪ ਸਿੰਘ ਨੇ ਅੱਗੇ ਕਿਹਾ ਕਿ ਬੁਖਾਰ ਜਾਂ ਹੋਰ ਲੱਛਣ ਜਿਵੇਂ ਖੰਘ/ਸਾਹ ਲੈਣ ਵਿੱਚ ਤਕਲੀਫ਼ ਮਹਿਸੂਸ ਕਰਨ ਵਾਲੇ ਮਨਰੇਗਾ ਕਰਮਚਾਰੀਆਂ ਨੂੰ ਘਰ ਵਿੱਚ ਹੀ ਰਹਿਣ ਅਤੇ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ। ਮਨਰੇਗਾ ਵਰਕਰਾਂ ਨੂੰ ਸਲਾਹ ਦਿੱਤੀ ਜਾਏਗੀ ਕਿ ਉਹ ਕਿਸੇ ਨਾਲ ਹੱਥ ਨਾ ਮਿਲਾਉਣ ਜਾਂ ਕਿਸੇ ਨੂੰ ਗਲੇ ਨਾ ਲਗਾਉਣ। ਮਨਰੇਗਾ ਸਟਾਫ਼ ਨੂੰ ਬਿਨਾਂ ਕੰਮ ਤੋਂ ਨਾ ਘੁੰਮਣ ਅਤੇ ਉਨ੍ਹਾਂ ਦੇ ਨਿਰਧਾਰਤ ਖੇਤਰ/ਸਾਈਟ ਤੋਂ ਹੀ ਕੰਮ ਕਰਨ ਦੀ ਸਲਾਹ ਦਿੱਤੀ ਜਾਵੇ। ਉਨ੍ਹਾਂ ਅੱਗੇ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਸਰਪੰਚ/ਜੀਆਰਐਸ ਸਮੇਤ ਸਾਰਿਆਂ ਨੂੰ ਹਰ ਸਮੇਂ ਕੱਪੜੇ ਦੇ ਮਾਸਕ ਪਹਿਨਣੇ ਚਾਹੀਦੇ ਹਨ। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਵੀ ਕਵਰ ਕਰੇ। ਕੱਪੜੇ ਦੇ ਮਾਸਕ ਨੂੰ ਵਰਤੋਂ ਬਾਅਦ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਹੱਥ ਧੋਣ ਅਤੇ ਰੋਗਾਣੂ-ਮੁਕਤ ਕਰਨ ਸਬੰਧੀ ਦਿਸ਼ਾ-ਨਿਰਦੇਸ਼ਾਂ ਨੂੰ ਵਿਸਥਾਰ ਨਾਲ ਦੱਸਦਿਆਂ, ਉਨ੍ਹਾਂ ਕਿਹਾ ਕਿ ਕਾਰਜ ਵਾਲੀ ਥਾਂ ਤੇ ਲੋੜੀਂਦੀ ਮਾਤਰਾ ਵਿਚ ਪਾਣੀ ਅਤੇ ਸਾਬਣ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇ। ਮਨਰੇਗਾ ਵਰਕਰਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਜਦੋਂ ਵੀ ਹੱਥ ਧੋਣ ਦਾ ਮੌਕਾ ਮਿਲੇ, ਉਹ ਘੱਟੋ-ਘੱਟ ਹੱਥਾਂ ਨੂੰ 20 ਸੈਕਿੰਡ ਤੱਕ ਚੰਗੀ ਤਰ੍ਹਾਂ ਧੋਣ, ਨਾਲ ਹੀ ਉਹ ਹਥੇਲੀ, ਹੱਥ ਦਾ ਪਿਛਲਾ ਪਾਸਾ, ਉਂਗਲਾਂ ਅਤੇ ਅੰਗੂਠੇ ਵਿਚਕਾਰ ਵੀ ਚੰਗੀ ਤਰ੍ਹਾਂ ਸਾਬਣ ਤੇ ਪਾਣੀ ਨਾਲ ਹੱਥ ਸਾਫ਼ ਕਰਨ। ਹਰ ਦੋ ਘੰਟੇ ਬਾਅਦ ਹੱਥ ਧੋਣ ਦੀ ਸਿਫਾਰਸ਼ ਕੀਤੀ ਗਈ ਹੈ। ਉੱਪਰ ਦੱਸੇ ਅਨੁਸਾਰ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਕੰਮ ਕਰਨ ਤੋਂ ਬਾਅਦ ਹੱਥ ਲਾਜ਼ਮੀ ਤੌਰ ਤੇ ਸਾਬਣ ਅਤੇ ਪਾਣੀ ਨਾਲ ਧੋਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਜੇ ਕੋਈ ਮਨਰੇਗਾ ਕਰਮਚਾਰੀ ਤੇਜ਼ ਬੁਖਾਰ/ਖੰਘ/ਛਿੱਕ/ ਸਾਹ ਲੈਣ ਵਿੱਚ ਮੁਸ਼ਕਲ ਮਹਿਸੂਸ ਕਰੇ, ਤਾਂ ਉਹ ਖੁਦ ਸੁਪਰਵਾਈਜ਼ਰ ਨੂੰ ਇਸ ਦੀ ਜਾਣਕਾਰੀ ਦੇਵੇ ਅਤੇ ਸਮੇਂ ਸਿਰ ਬੀਮਾਰੀ ਦਾ ਪਤਾ ਲਗਾਉਣ ਅਤੇ ਇਲਾਜ ਲਈ ਤੁਰੰਤ ਡਾਕਟਰੀ ਸਲਾਹ ਲਵੇ। ਮਨਰੇਗਾ ਕਰਮਚਾਰੀਆਂ ਨੂੰ ਇੱਕ ਦੂਜੇ ਤੋਂ ਇਨਫੈਕਸ਼ਨ ਨੂੰ ਰੋਕਣ ਲਈ ਉਨ੍ਹਾਂ ਨੂੰ ਇਕ ਦੂਜੇ ਨਾਲ ਦੁਪਹਿਰ ਦੇ ਖਾਣੇ/ਸਨੈਕਸ ਇੱਕਠਿਆਂ ਨਹੀਂ ਖਾਣੇ ਚਾਹੀਦੇ। ਜੇ ਕੋਈ ਕੰਮ ਦੌਰਾਨ ਸੰਪਰਕ ਵਿੱਚ ਆਉਣ ਕਰਕੇ ਕੋਵਿਡ-19 ਤੋਂ ਪੀੜਤ ਪਾਇਆ ਜਾਂਦਾ ਹੈ ਤਾਂ ਉਸ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ। ਇਸ ਸਬੰਧੀ ਹੈਲਪਲਾਈਨ ਨੰਬਰ 104 / ਸਟੇਟ ਕੰਟਰੋਲ ਰੂਮ ਨੰਬਰ 01722920074/08872090029 ਨੂੰ ਰਿਪੋਰਟ ਕਰਨੀ ਚਾਹੀਦੀ ਹੈ, ਤਾਂ ਜੋ ਬੀਮਾਰੀ ਦਾ ਸਹੀ ਕਾਰਨ ਪਤਾ ਲੱਗ ਸਕੇ ਤੇ ਪੀੜਤ ਦੀ ਅਗਲੇਰੀ ਕਾਰਵਾਈ ਲਈ ਡਾਕਟਰੀ ਸਹਾਇਤਾ ਕੀਤੀ ਜਾ ਸਕੇ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ**

**ਪ੍ਰੈਸ ਨੋਟ 3**

**ਵੱਖ ਵੱਖ ਥਾਂਵਾ ਤੋਂ ਫਿਰੋਜ਼ਪੁਰ ਜ਼ਿਲ੍ਹੇ ਵਿਚ ਆਏ ਵਿਅਕਤੀਆਂ ਨੂੰ 3 ਥਾਂਵਾਂ ਤੇ ਕੀਤਾ ਗਿਆ ਹੈ ਕੁਆਰਨਟਾਈਨ - ਡਿਪਟੀ ਕਮਿਸ਼ਨਰ**

**ਹਜ਼ੂਰ ਸਾਹਿਬ ਤੋਂ ਪਰਤੇ 86 ਸ਼ਰਧਾਲੂਆਂ ਨੂੰ ਐਸਬੀਐਸ ਕਾਲਜ ਵਿਖੇ ਕੁਆਰਨਟਾਈਨ ਕੀਤਾ ਗਿਆ ਹੈ, ਸਾਰਿਆਂ ਦੇ ਸੈਂਪਲ ਟੈਸਟ ਲਈ ਲੈਬ ਵਿਚ ਭੇਜੇ ਗਏ**

**ਕੁਆਰਨਟਾਈਨ ਦੌਰਾਨ ਖਾਣੇ ਅਤੇ ਹੋਰ ਜ਼ਰੂਰੀ ਵਸਤੂਆਂ ਦਾ ਕੀਤਾ ਗਿਆ ਹੈ ਇੰਤਜਾਮ**

ਫਿਰੋਜਪੁਰ 29 ਅਪ੍ਰੈਲ ( ) ਬਾਹਰ ਦੇ ਸੂਬਿਆਂ ਤੋਂ ਜ਼ਿਲ੍ਹੇ ਵਿਚ ਪਰਤੇ ਵੱਖ ਵੱਖ ਵਿਅਕਤੀਆਂ ਨੂੰ 14 ਦਿਨਾਂ ਲਈ ਕੁਆਰਟਾਈਨ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਸੈਂਪਲਿੰਗ ਕਰਵਾਈ ਜਾ ਰਹੀ ਹੈ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ 3 ਕੁਆਰਨਟਾਈਨ ਸੈਂਟਰ ਬਣਾਏ ਗਏ ਹਨ, ਜਿਸ ਵਿਚੋਂ ਇੱਕ ਵਿਚ 86, ਦੂਜੇ ਵਿਚ 60 ਅਤੇ ਤੀਜੇ ਵਿਚ 24 ਵਿਅਕਤੀ ਕੁਆਰਨਾਈਨ ਹਨ। ਉਨ੍ਹਾਂ ਦੱਸਿਆ ਕਿ ਹਜ਼ੂਰ ਸਾਹਿਬ ਤੋਂ ਫਿਰੋਜ਼ਪੁਰ ਜ਼ਿਲ੍ਹੇ ਵਿਚ ਆਏ 86 ਸ਼ਰਧਾਲੂਆਂ ਨੂੰ ਐਸਬੀਐਸ ਕਾਲਜ ਵਿਖੇ ਕੁਆਰਨਟਾਈਨ ਕੀਤਾ ਗਿਆ ਹੈ ਜਿਨ੍ਹਾਂ ਦੇ ਸੈਂਪਲ ਲੈ ਕੇ ਟੈੱਸਟ ਲਈ ਲੈਬ ਵਿਖੇ ਭੇਜੇ ਗਏ ਹਨ। ਇਸ ਤੋਂ ਪਹਿਲਾਂ ਜ਼ੀਰਾ ਵਿਚ ਆਏ 60 ਵਿਅਕਤੀਆਂ ਨੂੰ ਨਵੋਦਿਆ ਵਿਦਿਆਲਿਆ ਮਹੀਆਂ ਵਾਲਾ ਵਿਖੇ ਕੁਆਰਨਟਾਈਨ ਕੀਤਾ ਗਿਆ ਹੈ ਜਿਨ੍ਹਾਂ ਦੀ ਸੈਂਪਲਿੰਗ ਜਾਰੀ ਹੈ। ਇਸ ਤੋਂ ਇਲਾਵਾ ਤੀਸਰੀ ਥਾਂ ਲਖਮੀਰ ਪੁਰੇ ਵਿਖੇ 24 ਵਿਅਕਤੀਆਂ ਨੂੰ ਕੁਆਰਨਟਾਈਨ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਵੀ ਸੈਂਪਲ ਲਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਕੁਆਰਨਟਾਈਨ ਸੈਂਟਰਾ ਵਿਖੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਜਿਨ੍ਹਾਂ ਵਿਅਕਤੀਆਂ ਨੂੰ ਕੁਆਰਨਟਾਈਨ ਕੀਤਾ ਗਿਆ ਹੈ ਉਨ੍ਹਾਂ ਨੂੰ ਖਾਣਾ ਵਗੇਰਾ ਉਥੇ ਹੀ ਮੁਹੱਈਆ ਕਰਵਾਇਆ ਜਾ ਰਿਹਾ ਹੈ ਤੇ ਕਿਸੇ ਨੂੰ ਵੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਾਰੇ ਵਿਅਕਤੀਆਂ ਦੀ ਰਿਪੋਰਟ ਆਉਣ ਤੋਂ ਬਾਅਦ ਪਰੋਟੋਕਾਲ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਦੇ ਹੁਕਮਾਂ ਮੁਤਾਬਕ ਬਾਹਰੋਂ ਆਏ ਵਿਅਕਤੀਆਂ ਨੂੰ ਕੁਆਰਨਟਾਈਨ ਕਰਨਾ ਜ਼ਰੂਰੀ ਹੈ। ਜੇਕਰ ਕੋਈ ਵੀ ਵਿਅਕਤੀ ਬਾਹਰੋਂ ਕਿਸੇ ਹੋਰ ਸੂਬੇ ਤੋਂ ਆਉਂਦਾ ਹੈ ਤਾਂ ਉਹ ਆਪਣੇ ਬਾਰੇ ਪ੍ਰਸ਼ਾਸਨ ਨੂੰ ਜ਼ਰੂਰ ਸੂਚਿਤ ਕਰੇ। ਉਨ੍ਹਾਂ ਕਿਹਾ ਅਸੀਂ ਆਸ ਕਰਦੇ ਹਾਂ ਕਿ ਸਾਡਾ ਜ਼ਿਲ੍ਹਾ ਕੋਰੋਨਾ ਮੁਕਤ ਜ਼ਿਲ੍ਹਾ ਬਣਿਆ ਰਹੇ ਇਸ ਲਈ ਸਮੂਹ ਲੋਕ ਪ੍ਰਸ਼ਾਸਨ ਦਾ ਸਾਥ ਦੇਣ ਤਾਂ ਜੋ ਕੋਰੋਨਾ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ

ਕਿਰਤ ਵਿਭਾਗ ਦੇ ਪ੍ਰਮੁੱਖ ਸਕੱਤਰ ਨੇ ਕੋਰੋਨਾ ਵਾਇਰਸ ਦੇ ਖ਼ਿਲਾਫ਼ ਚੱਲ ਰਹੀ ਲੜਾਈ ਵਿੱਚ ਫਿਰੋਜ਼ਪੁਰ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਤਿਆਰੀਆਂ ਦੀ ਪ੍ਰਸ਼ੰਸਾ ਕੀਤੀ

ਡਿਪਟੀ ਕਮਿਸ਼ਨਰ ਨੇ ਨਾਲ ਜਾ ਕੇ ਕੋਰੋਨਾ ਸੈਂਟਰ, ਆਈਸੋਲੇਸ਼ਨ ਵਾਰਡ ਅਤੇ ਕਵਾਰਨਟਾਈਨ ਸਹੂਲਤਾਂ ਦਾ ਲਿਆ ਜਾਇਜ਼ਾ

ਮੰਡੀਆਂ ਵਿੱਚ ਕਣਕ ਦੀ ਖਰੀਦ ਦੇ ਕਾਰਜਾਂ ਦੀ ਸਮੀਖਿਆ ਕੀਤੀ, ਨਾਲ ਹੀ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ

ਫਿਰੋਜ਼ਪੁਰ 29 ਅਪ੍ਰੈਲ 2020 ( )

ਕੋਰੋਨਾ ਵਾਇਰਸ ਦੇ ਖ਼ਿਲਾਫ਼ ਚੱਲ ਰਹੀ ਲੜਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਤਿਆਰੀਆਂ ਤੇ ਕੀਤੇ ਜਾ ਰਹੇ ਕਾਰਜਾਂ ਦੀ ਰਵਿਊ ਕਰਨ ਦੇ ਲਈ ਕਿਰਤ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ. ਵੀਕੇ ਜੰਜੂਆ ਬੁੱਧਵਾਰ ਨੂੰ ਫਿਰੋਜ਼ਪੁਰ ਪਹੁੰਚੇ। ਇੱਥੇ ਉਨ੍ਹਾਂ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ. ਕੁਲਵੰਤ ਸਿੰਘ ਦੇ ਨਾਲ ਪਿੰਡ ਹਕੂਮਤ ਸਿੰਘ ਵਾਲਾ ਜਾ ਕੇ ਸਥਾਪਿਤ ਕੀਤੇ ਗਏ ਕੋਰੋਨਾ ਕੇਅਰ ਸੈਂਟਰ, ਸਿਵਲ ਹਸਪਤਾਲ ਵਿੱਚ ਚੱਲ ਰਹੇ ਕੋਰੋਨਾ ਆਈਸੋਲੇਸ਼ਨ ਵਾਰਡ, ਸ਼ਹੀਦ ਭਗਤ ਸਿੰਘ ਕਾਲਜ ਵਿੱਚ ਚੱਲ ਰਹੇ ਕਵਾਰਨਟਾਈਨ ਸੈਂਟਰ ਦਾ ਦੌਰਾ ਕੀਤਾ, ਨਾਲ ਹੀ ਅਨਾਜ ਮੰਡੀਆਂ ਵਿੱਚ ਜਾ ਕੇ ਕਣਕ ਦੀ ਖਰੀਦ ਦੇ ਕਾਰਜਾਂ ਦਾ ਜਾਇਜ਼ਾ ਲਿਆ। ਵੱਖ-ਵੱਖ ਸਥਾਨਾਂ ਦਾ ਦੌਰਾ ਕਰਨ ਅਤੇ ਕੋਰੋਨਾ ਦੇ ਖ਼ਿਲਾਫ਼ ਚੱਲ ਰਹੀ ਜੰਗ ਵਿੱਚ ਸ਼ਾਮਲ ਪ੍ਰਮੁੱਖ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਮੀਟਿੰਗ ਦੇ ਬਾਅਦ ਉਨ੍ਹਾਂ ਨੇ ਫਿਰੋਜ਼ਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ।

ਡਿਪਟੀ ਕਮਿਸ਼ਨਰ ਸ੍ਰੀ. ਕੁਲਵੰਤ ਸਿੰਘ ਨੇ ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਰਤ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ. ਵੀਕੇਂ ਜੰਜੂਆ ਨੂੰ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਦੇ ਖਿਲਾਫ ਚੱਲ ਰਹੀ ਲੜਾਈ ਦੇ ਤਹਿਤ ਹੋ ਰਹੇ ਕਾਰਜਾਂ ਦੀ ਨਿਗਰਾਨੀ ਦੇ ਲਈ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਉਹ ਬੁੱਧਵਾਰ ਨੂੰ ਫਿਰੋਜ਼ਪੁਰ ਪਹੁੰਚੇ ਅਤੇ ਸਭ ਤੋਂ ਪਹਿਲਾ ਉਨ੍ਹਾਂ ਨੇ ਪਿੰਡ ਹਕੂਮਤ ਸਿੰਘ ਵਾਲਾ ਵਿੱਚ ਜਾ ਕੇ ਕੋਰੋਨਾ ਹਸਪਤਾਲ ਦਾ ਦੌਰਾ ਕੀਤਾ। ਇਸ ਤੋਂ ਬਾਅਦ ਸ਼ਹੀਦ ਭਗਤ ਸਿੰਘ ਕਾਲਜ ਪਹੁੰਚ ਕੇ ਸਟੇਟ ਕਵਾਰਨਟਾਈਨ ਫੈਸਲਿਟੀ ਦਾ ਦੌਰਾ ਕੀਤਾ ਅਤੇ ਉੱਥੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਸਿਵਲ ਹਸਪਤਾਲ ਜਾ ਕੇ ਆਈਸੋਲੇਸ਼ਨ ਵਾਰਡ ਅਤੇ ਸਿਹਤ ਵਿਭਾਗ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੀਕੇ ਜੰਜੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਕੰਮਾਂ ਤੇ ਤਸੱਲੀ ਪ੍ਰਗਟ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਖਿਲਾਫ ਪ੍ਰਸ਼ਾਸਨ ਵੱਲੋਂ ਜ਼ਰੂਰੀ ਕਦਮ ਚੁੱਕੇ ਗਏ ਹਨ। ਪਿੰਡ ਹਕੂਮਤ ਵਾਲਾ ਵਿਖੇ 100 ਬੈੱਡਾਂ ਦਾ ਕੋਰੋਨਾ ਕੇਅਰ ਸੈਂਟਰ ਸਥਾਪਿਤ ਕੀਤਾ ਗਿਆ ਹੈ, ਲੋੜ ਪੈਣ ਤੇ ਇਸ ਨੂੰ 500 ਬੈੱਡਾਂ ਦਾ ਕੀਤਾ ਜਾਵੇਗਾ। ਮੰਡੀਆਂ ਵਿੱਚ ਕਣਕ ਦੀ ਖਰੀਦ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਹੁਣ ਤੱਕ 3.42 ਲੱਖ ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜੋ ਕਿ ਕੁੱਲ ਕਣਕ ਦਾ 50 ਫੀਸਦੀ ਦੇ ਕਰੀਬ ਬਣਦਾ ਹੈ ਅਤੇ 72 ਘੰਟਿਆਂ ਵਿੱਚ 90 ਫੀਸਦੀ ਲਿਫਟਿੰਗ ਹੋ ਚੁੱਕੀ ਹੈ। ਪਹਿਲੀ ਵਾਰ ਜ਼ਿਲ੍ਹੇ ਵਿੱਚ ਰਾਈਸ ਚਾਵਲ ਸੈਲਰਾਂ ਨੂੰ ਖਰੀਦ ਕੇਂਦਰਾਂ ਦੇ ਤੌਰ ਤੇ ਚੁਣਿਆ ਗਿਆ ਹੈ ਅਤੇ ਜ਼ਿਲ੍ਹੇ ਵਿੱਚ 226 ਕੇਂਦਰਾਂ ਤੇ ਖਰੀਦ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਜ਼ਿਲ੍ਹਾ ਕੋਰੋਨਾ ਮੁਕਤ ਹੋ ਚੁੱਕਿਆ ਹੈ। ਜਿਹੜਾ ਇੱਕ ਮਰੀਜ਼ ਸੀ, ਉਹ ਵੀ ਠੀਕ ਹੋਣ ਤੋਂ ਬਾਅਦ ਆਪਣੇ ਘਰ ਵਾਪਸ ਚਲਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਵਿੰਦਰਪਾਲ ਸਿੰਘ, ਐੱਸਡੀਐਮ ਅਮਿਤ ਗੁਪਤਾ, ਐਸਡੀਐਮ ਰਣਜੀਤ ਸਿੰਘ ਅਤੇ ਸਹਾਇਕ ਕਮਿਸ਼ਨਰ ਕੰਵਰਜੀਤ ਸਿੰਘ ਵੀ ਹਾਜ਼ਰ ਸਨ।